ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਨੰ,2 :
ਭ: ਤੇ ਮ: ਸ਼ਾਖਾ, ਪਟਿਆਲਾ

ਵੱਲ

ਪ੍ਰਿੰਸੀਪਲ
ਪਟੇਲ ਪਬਲਿਕ ਸਕੂਲ,
ਰਾਜਪੂਰਾ, ਜਿਲ੍ਹਾ ਪਟਿਆਲਾ।

ਮੀਮੋ ਨੰ : 3533 ਮਿਤੀ 16/8/18

ਵਿਸ਼ਾ:- **ਸਕੂਲ (ਬਿਲਡਿੰਗ) ਸੇਫਟੀ ਸਰਟੀਫਿਕੇਟ ਜਾਰੀ ਕਰਨ ਬਾਰੇ।**
**(ਪਟੇਲ ਪਬਲਿਕ ਸਕੂਲ, ਰਾਜਪੂਰਾ, ਜਿਲ੍ਹਾ ਪਟਿਆਲਾ)**

ਉਪਰੋਕਤ ਵਿਸ਼ੇ ਸਬੰਧੀ ਸਕੂਲ ਦਾ ਨਿਰੀਖਣ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਭ ਤੇ ਮ ਸ਼ਾਖਾ, ਰਾਜਪੂਰਾ ਵੱਲੋਂ ਕੀਤਾ ਗਿਆ। ਉਨ੍ਹਾਂ ਦੀ ਰਿਪੋਰਟ ਅਨੁਸਾਰ ਸਕੂਲ ਬਿਲਡਿੰਗ ਵੇਖਣ ਵਿੱਚ ਸੁਰੱਖਿਅਤ ਜਾਪਦੀ ਹੈ ਅਤੇ ਆਮ ਵਰਤੋਂ ਲਈ ਦਰੁੱਸਤ ਹੈ।

ਇਸ ਲਈ ਇਹ ਸੇਫਟੀ ਸਰਟੀਫਿਕੇਟ ਆਪ ਨੂੰ ਸਾਲ 2018-19 (ਮਿਤੀ 31.03.2019) ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1) ਜੇ ਸਕੂਲ ਦੀ ਇਮਾਰਤ ਵਿਚ ਕਿਸੇ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਇਹ ਕੰਮ ਕਿਸੇ ਯੋਗ ਇੰਜੀਨੀਅਰ ਦੀ ਦੇਖ ਰੇਖ ਵਿਚ ਕਰਵਾਇਆ ਜਾਵੇ ਤੇ ਕੰਮ ਮੁਕੰਮਲ ਹੋਣ ਉਪਰੰਤ ਸਬੰਧਤ ਅਧਿਕਾਰੀ ਤੋਂ ਇਸ ਦਾ ਸਰਟੀਫਿਕੇਟ ਦੁਬਾਰਾ ਲਿਆ ਜਾਵੇ ।
2) ਜੇ ਬਿਲਡਿੰਗ ਹੜਾਂ ਜਾਂ ਕਿਸੇ ਹੋਰ ਕੁਦਰਤੀ ਆਫਤਾਂ ਤੋਂ ਪ੍ਰਭਾਵਿਤ ਹੁੰਦੀ ਹੈ ਤਾਂ ਤੁਰੰਤ ਹੀ ਇਸ ਨੂੰ ਵਿਭਾਗ ਤੋਂ ਦੁਬਾਰਾ ਚੈੱਕ ਕਰਵਾਇਆ ਜਾਵੇ।
3) ਫਾਇਰ ਸੇਫਟੀ ਸਰਟੀਫਿਕੇਟ ਨਵੀਕਰਨ ਦੀ ਨਿਰੋਲ ਜਿੰਮੇਵਾਰੀ ਖਿਨੈਕਾਰ ਦੀ ਹੋਵੇਗੀ ਨਹੀਂ ਤਾਂ ਤੁਰੰਤ ਸਮੇਂ ਤੋਂ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ। ਫਾਇਰ ਸਟੇਸ਼ਨ ਅਫਸਰ ਦੀਆਂ ਸ਼ਰਤਾਂ ਮੁਤਾਬਕ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

**ਕਾਰਜਕਾਰੀ ਇੰਜੀਨੀਅਰ,**
**ਪ੍ਰਾਂਤਕ ਮੰਡਲ ਨੰ,2 :**
**ਭ: ਤੇ ਮ: ਸ਼ਾਖਾ, ਪਟਿਆਲਾ**

ਪਿੱਠ ਅੰਕਣ ਨੰ: ਮਿਤੀ

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਭ ਤੇ ਮ ਸ਼ਾਖਾ, ਰਾਜਪੂਰਾ ਨੂੰ ਉਨ੍ਹਾਂ ਦੇ ਪੱਤਰ ਨੰ: 263 ਮਿਤੀ 06.08.2018 ਦੇ ਹਵਾਲੇ ਵਿੱਚ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**ਕਾਰਜਕਾਰੀ ਇੰਜੀਨੀਅਰ,**